ਨੰ: 3/96/2012-3ਸਿ3/1495

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਡਿਪਸ ਸਕੂਲ,
ਅਰਬਨ ਅਸਟੇਟ, ਫੇਜ-1, ਜਲੰਧਰ ਸੀਟੀ।

ਮਿਤੀ: ਚੰਡੀਗੜ੍ਹ 28-6-12

ਵਿਸ਼ਾ:- **ਡਿਪਸ ਸਕੂਲ, ਅਰਬਨ ਅਸਟੇਟ, ਫੇਜ-1, ਜਲੰਧਰ ਸੀਟੀ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਜਲੰਧਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ---

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤ ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ:3/96/2012-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/59-2012 ਗ੍ਰਾਂਟ-1(5), ਮਿਤੀ 29-03-2012 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਡਿਪਸ ਸਕੂਲ, ਅਰਬਨ ਅਸਟੇਟ, ਫੇਜ-1, ਜਲੰਧਰ ਸੀਟੀ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

<u>ਅੰਦਰੂਨੀ ਵੰਡ</u>

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਧੀਕ ਸਕੱਤਰ ਸਕੂਲ ਸਿੱਖਿਆ, ਪੰਜਾਬ।

## ENGLISH TRANSLATION OF NOC ISSUED BY PUNJAB GOVT.

No. 3/96/2012-3Edu 3/1495

Punjab Government
Education Department
(Education-3-Branch)

To

The Principal,
DIPS School,
Urban Estate Phase-I, Jalandhar City,

Dated:28/06/12, Chandigarh:

Sub : Regarding issuing of No Objection Certificate to DIPS School, Urban Estate Phase-I, Jalandhar City for getting affiliated with C.B.S.E., New Delhi.

Sir,

With reference to above mentioned subject.

That on the basis of documents and affidavit submitted by the school Management, recommendations of District Education Officer (Sr.Sec.), Jalandhar and Director Education Department (Sr. Sec.), Punjab, Chandigarh, the required No Objection Certificate is being issued by the Punjab Government on the following terms and conditions: -

1. That in future at the time of any complaint/inspection if it is found that the no objection certificate has been taken on the basis of false information and wrong application or the terms and conditions of Punjab Govt. issued from time to time are not obeyed, the conditions of affidavit are not adhered to, this No Objection Certificate may be taken back at any time.

2. That Punjabi will be compulsory upto $10^{th}$ class in your school and C.B.S.E. New Delhi will be responsible for making arrangement for Punjabi Examination and if not abided by, the no objection certificate will be taken back.

3. The school management will follow the Punjab Govt. notification issued under RTI Act 2009 and the RTI Act 2009 for Punjab State in totality.

NOTARY
PRITPAL SINGH
ADVOCATE
Jalandhar Distt.
Regd. No. 2254
GOVT. OF INDIA

29 JUN 2012

4. That after the affiliation with C.B.S.E. New Delhi, the school management will be responsible for paying the teaching and non-teaching staff the salary and other allowances as per Govt. employees through account payee cheques. If not abided by, the no objection certificate will be taken back.

5. You yourself and the management will confirm that any information required by the District Education Officer or Education Department or any other Senior Officer, at any time, will be provided without any delay and suitable co-operation will be provided as applicable.

This notification is being issued as per the orders dated 28.06.2012 of Hon'ble Education Minister.

Sd/-
Additional Secretary School Education

Letter No. 3/96/2012-3Edu 3/ Dated, Chandigarh :

The copy of this letter is forwarded to Director, Education Department (Sr.Sec.), Punjab, Chandigarh with reference to their memo no.15/59-2012-Grant1(5) dated 29.03.2012 with a request to do the inspection of school atleast once with five years. The inspection report be sent to Govt. so that it may be known that the concerned school is abiding by the rules and regulations of Punjab Govt. issued from time to time or not.

2. The original file of DIPS School, Urban Estate Phase-I, Jalandhar City is being sent along with.

Sd/-
Additional Secretary School Education

Copy to :

1. Private Secretary / Education Minister, Punjab.
2. Private Secretary / Secretary, School Education, Punjab.
3. Private Assistant / Additional Secretary, School Education Punjab.

Translated copy of the Document produced

ATTESTED

NOTARY Jalandhar (Pb.) India
Ph. 225321

29 JUN 2012

NOTARY
KIRPAL SINGH
ADVOCATE
Jalandhar Distt.
Regd. No. 2254
GOVT. OF INDIA